ਵਰਲਡ ਪੰਜਾਬੀ ਟਾਈਮਜ਼
WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162

Epaper World Punjabi Times | 13 ਨਵੰਬਰ 2025 ਦਿਨ ਵੀਰਵਾਰ | ਈ-ਪੇਪਰ ਵਰਲਡ ਪੰਜਾਬੀ ਟਾਈਮਜ਼

ਪੰਜਾਬ ਯੂਨੀਵਰਸਿਟੀ ਦੇ ਪੁਰਾਣੇ ਵਿਦਿਆਰਥੀਆਂ ਵੱਲੋਂ ਚੰਡੀਗੜ੍ਹ ਦੇ ਵਿਦਿਆਰਥੀ ਸੰਘਰਸ਼ ਦੀ ਹਮਾਇਤ

ਯੂਨੀਵਰਸਿਟੀ ਸੈਨੇਟ ਦੀ ਤੁਰੰਤ ਬਹਾਲੀ ਤੇ ਚੋਣਾਂ ਕਰਾਉਣ ਦੀ ਮੰਗ

ਵਰਲਡ ਪੰਜਾਬੀ ਟਾਈਮਜ਼ ਹੰਦਰਸ ਮਾਨ

ਸਰੀ, 13 ਨਵੰਬਰ : ਕੈਨੇਡਾ ਵਿਚ ਰਹਿ ਰਹੇ ਪੰਜਾਬੀ ਯੂਨੀਵਰਸਿਟੀ ਦੇ ਪੁਰਾਣੇ ਵਿਦਿਆਰਥੀਆਂ ਨੇ ਚੰਡੀਗੜ੍ਹ ਵਿੱਚ ਵਿਦਿਆਰਥੀਆਂ ਵੱਲੋਂ ਚਲਾਏ ਜਾ ਰਹੇ ਜਮਹੂਰੀ ਸੰਘਰਸ਼ ਦੀ ਪੂਰਨ ਹਮਾਇਤ ਕੀਤੀ ਹੈ। ਸਰੀ ‘ਚ ਹੋਈ ਇੱਕ ਵਿਸ਼ੇਸ਼ ਬੈਠਕ ਵਿੱਚ ਪੁਰਾਣੇ ਵਿਦਿਆਰਥੀਆਂ ਨੇ ਯੂਨੀਵਰਸਿਟੀ ਵਿੱਚ ਸੈਨੇਟ ਦੀ ਤੁਰੰਤ ਬਹਾਲੀ ਤੇ ਚੋਣਾਂ ਕਰਾਉਣ ਦੀ ਮੰਗ ਕੀਤੀ ਹੈ। ਇਹ ਮੀਟਿੰਗ ਬੀਤੇ ਦਿਨ ਰੈੱਡ ਐਫ ਰੇਡੀਓ ਦੇ ਪ੍ਰਸਿੱਧ ਹੋਸਟ ਹਰਜਿੰਦਰ ਸਿੰਘ ਥਿੰਦ ਦੀ ਅਗਵਾਈ ਹੇਠ ਧਾਲੀਵਾਲ ਲੌਜ, ਸਰੀ ਵਿੱਚ ਹੋਈ, ਜਿਸ ਵਿੱਚ ‘ਪੀ.ਯੂ. ਕੈਂਪਸ ਸਟੂਡੈਂਟਸ ਅਲੂਮਨੀ (ਰਜਿ.) ਵੈਨਕੂਵਰ’ ਦੇ ਮੈਂਬਰਾਂ ਸਮੇਤ ਕਈ ਪ੍ਰਮੁੱਖ ਪੁਰਾਣੇ ਵਿਦਿਆਰਥੀ ਹਾਜਰ ਸਨ।

ਮੀਟਿੰਗ ਵਿਚ ਹਰਜਿੰਦਰ ਸਿੰਘ ਥਿੰਦ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਪੰਜਾਬ ਯੂਨੀਵਰਸਿਟੀ ਸਿਰਫ਼ ਇਕ ਸਿੱਖਿਆ ਦਾ ਕੇਂਦਰ ਨਹੀਂ, ਸਗੋਂ ਪੰਜਾਬ ਦੀ ਬੌਧਿਕ ਤੇ ਸੱਭਿਆਚਾਰਕ ਵਿਰਾਸਤ ਦਾ ਜੀਵੰਤ ਪ੍ਰਤੀਕ ਹੈ। ਇਸ ਦੀ ਲੋਕਤੰਤਰੀ ਬਣਤਰ ਅਤੇ ਅਕਾਦਮਿਕ ਸੁਤੰਤਰਤਾ ਦੀ ਸੁਰੱਖਿਆ ਹਰ ਵਿਦਿਆਰਥੀ ਅਤੇ ਅਧਿਆਪਕ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਜੇ ਵਿਦਿਆਰਥੀਆਂ ਅਤੇ ਸਟਾਫ਼ ਦੀ ਆਵਾਜ਼ ਨੂੰ ਅਣਸੁਣਿਆ ਕੀਤਾ ਗਿਆ ਤਾਂ ਇਹ ਸੰਸਥਾ ਦੇ ਭਵਿੱਖ ਲਈ ਗੰਭੀਰ ਸੰਕਟ ਬਣ ਸਕਦਾ ਹੈ। ਉਨ੍ਹਾਂ ਪੰਜਾਬ ਸਰਕਾਰ ਅਤੇ ਯੂਨੀਵਰਸਿਟੀ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਚੋਣ ਪ੍ਰਕਿਰਿਆ ਨੂੰ ਪਾਰਦਰਸ਼ੀ ਬਣਾਉਂਦੇ ਹੋਏ ਚੋਣਾਂ ਦੀਆਂ ਤਰੀਕਾਂ ਦਾ ਜਲਦੀ ਐਲਾਨ ਕੀਤਾ ਜਾਵੇ।

ਸਭ ਹਾਜਰ ਮੈਂਬਰਾਂ ਨੇ ਸਰਬਸੰਮਤੀ ਨਾਲ ਪਾਸ ਕੀਤੇ ਮਤੇ ਰਾਹੀਂ ਕਿਹਾ ਕਿ ਯੂਨੀਵਰਸਿਟੀ ਦੇ ਲੋਕਤੰਤਰੀ ਢਾਂਚੇ ਤੇ ਵਿਦਿਆਰਥੀ ਹਿਤਾਂ ਦੀ ਰੱਖਿਆ ਲਈ ਆਵਾਜ਼ ਬੁਲੰਦ ਕਰਨਾ ਹਰ ਪੁਰਾਣੇ ਵਿਦਿਆਰਥੀ ਦਾ ਫਰਜ਼ ਹੈ। ਉਨ੍ਹਾਂ ਕਿਹਾ ਕਿ ਸੈਨੇਟ ਬਹਾਲੀ ਅਤੇ ਚੋਣਾਂ ਤੋਂ ਬਿਨਾਂ ਯੂਨੀਵਰਸਿਟੀ ਦੀ ਲੋਕਤੰਤਰੀ ਆਤਮਾ ਅਧੂਰੀ ਹੈ। ਮੀਟਿੰਗ ਵਿਚ ਐਲਾਨ ਕੀਤਾ ਕਿ ਉਹ ਪੰਜਾਬ ਯੂਨੀਵਰਸਿਟੀ ਦੀ ਜਮਹੂਰੀ ਪਛਾਣ, ਸੈਨੇਟ ਦੀ ਬਹਾਲੀ ਅਤੇ ਵਿਦਿਆਰਥੀ ਅਧਿਕਾਰਾਂ ਦੀ ਰੱਖਿਆ ਲਈ ਹਰ ਮੰਚ ‘ਤੇ ਆਪਣੀ ਆਵਾਜ਼ ਬੁਲੰਦ ਕਰਦੇ ਰਹਿਣਗੇ।

ਇਸ ਮੀਟਿੰਗ ਵਿਚ ਹੋਰਨਾਂ ਤੋਂ ਇਲਾਵਾ ਗੁਰਬਾਜ ਸਿੰਘ ਬਰਾੜ, ਹਰਮੀਤ ਸਿੰਘ ਖੁੱਡੀਆਂ, ਅਜੇਪਾਲ ਸਿੰਘ ਧਾਲੀਵਾਲ, ਬਲਜਿੰਦਰ ਸਿੰਘ ਸੰਘਾ, ਬਖ਼ਸ਼ੀਸ਼ ਸਿੰਘ ਜ਼ੀਰਾ, ਨਵਨੀਤ ਸ਼ਰਮਾ, ਮਨਜੀਤ ਸਿੰਘ ਮਾਂਗਟ, ਕਰਤਾਰ ਸਿੰਘ ਢਿੱਲੋਂ, ਅਮਰਿੰਦਰ ਸਰਾਂ, ਹਰਜੀਤ ਕੌਰ ਗਰੇਵਾਲ, ਜੈਸਮੀਨ ਕੌਰ, ਹੈਰੀ ਸਦਿਓੜਾ, ਕੁਲਬੀਰ ਸਿੰਘ ਬੈਨੀਪਾਲ, ਅਮਰੀਕ ਸਿੰਘ ਬਾਠ, ਸੰਜੇ ਰਾਣਾ, ਦੀਪ ਕੌਰ ਸੰਧੂ ਅਤੇ ਰਾਹੁਲ ਦੱਤ ਸ਼ਾਮਲ ਹੋਏ।

ਯੂਥ ਕਾਂਗਰਸ 2027 ਵਿੱਚ ਕੁਸ਼ਲਦੀਪ ਸਿੰਘ ਢਿੱਲੋਂ ਨੂੰ ਭਾਰੀ ਬਹੁਮੱਤ ਨਾਲ ਜਿਤਾਉਣਗੇ।

ਵਰਲਡ ਪੰਜਾਬੀ ਟਾਈਮਜ਼ ਧਰਮ ਪ੍ਰਵਾਨਾਂ

ਫਰੀਦਕੋਟ 13 ਨਵੰਬਰ : ਯੂਥ ਕਾਂਗਰਸ ਦੀ ਮੀਟਿੰਗ ਸ ਕੁਸ਼ਲਦੀਪ ਸਿੰਘ ਢਿੱਲੋਂ ਸਾਬਕਾ ਐਮ ਐਲ ਏ ਦੇ ਛੋਟੇ ਭਾਈ ਜਸ਼ਨਪ੍ਰੀਤ ਸਿੰਘ ਢਿੱਲੋਂ ਦੀ ਪ੍ਰਧਾਨਗੀ ਹੇਠ ਉਨ੍ਹਾਂ ਦੇ ਗ੍ਰਹਿ ਵਿਖੇ ਬਲਕਰਨ ਸਿੰਘ ਵਾਂਦਰ ਕਿਲ੍ਹਾ ਨੌਂ ਦੀ ਅਗਵਾਈ ਹੇਠ ਹੋਈ। ਇਸ ਸਮੇਂ ਯੂਥ ਵਿੱਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੇ ਕਿ 2027 ਵਿੱਚ ਹੋ ਰਹੀਆਂ ਹਨ ਭਾਰੀ ਉਤਸ਼ਾਹ ਬਣਿਆ ਹੋਇਆ ਹੈ। ਉਹਨਾਂ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ 2027 ਵਿੱਚ ਕਾਂਗਰਸ ਦੇ ਤਿਹਾਈ ਸੀਟਾਂ ਲੈਕੇ ਆਪਣੀ ਸਰਕਾਰ ਬਣਾਏਗੀ। ਉਹਨਾਂ ਦਾਅਵੇ ਨਾਲ ਕਿਹਾ ਕਿ ਫਰੀਦਕੋਟ ਦਾ ਯੂਥ ਵਰਕਰ ਅਤੇ ਸੀਨੀਅਰ ਆਗੂ ਇੱਕ ਜੁੱਟ ਹੋ ਕੇ ਸ.ਕੁਸ਼ਲਦੀਪ ਸਿੰਘ ਢਿੱਲੋਂ ਨੂੰ ਭਾਰੀ ਬਹੁਮੱਤ ਨਾਲ ਜਿਤਾ ਕੇ ਵਿਧਾਨ ਸਭਾ ਵਿਚ ਭੇਜਣਗੇ। । ਇਸ ਸਮੇਂ ਬਲਕਰਨ ਸਿੰਘ ਵਾਂਦਰ ਕਿਲ੍ਹਾ ਨੌਂ ਤੋਂ ਇਲਾਵਾ ਸਤਨਾਮ ਸਿੰਘ ਮੰਡ, ਡਾਕਟਰ ਜੰਗੀਰ ਸਿੰਘ ਸਾਬਕਾ ਐਮ ਸੀ,ਹਿੰਮਤ ਸਿੰਘ,ਪਾਲ ਸਿੰਘ ਝੋਟੀ ਵਾਲਾ ਲਖਵਿੰਦਰ ਸਿੰਘ ਪੀ ਏ , ਰਜਿੰਦਰ ਸਿੰਘ ਪੀ ਏ, ਆਦਿ ਹਾਜ਼ਰ ਸਨ।

ਸਾਬਕਾ ਸਿੱਖਿਆ ਮੰਤਰੀ ਸਵ.ਸ.ਅਵਤਾਰ ਸਿੰਘ ਬਰਾੜ ਦੇ ਪੁੱਤਰ ਨਵਦੀਪ ਸਿੰਘ ਬੱਬੂ ਬਰਾੜ ਬਣੇ ਕਾਂਗਰਸ ਦੇ ਦੁਬਾਰਾ ਫਿਰ ਬਣੇ ਜ਼ਿਲ੍ਹਾ ਪ੍ਰਧਾਨ

ਵਰਲਡ ਪੰਜਾਬੀ ਟਾਈਮਜ਼ ਧਰਮ ਪ੍ਰਵਾਨਾਂ

ਫਰੀਦਕੋਟ 13 ਨਵੰਬਰ : ਕੁੱਲ ਹਿੰਦ ਕਾਂਗਰਸ ਪਾਰਟੀ ਨੇ ਪੰਜਾਬ ਦੇ ਜ਼ਿਲ੍ਹਾ ਪ੍ਰਧਾਨਾਂ ਦਾ ਅੱਜ ਕਾਫ਼ੀ ਕਾਫੀ ਇੰਤਜ਼ਾਰ ਤੋਂ ਬਾਅਦ ਸੂਚੀ ਜਾਰੀ ਕਰ ਦਿੱਤੀ ਹੈ ਜ਼ਿਲ੍ਹਾ ਫਰੀਦਕੋਟ ਦੇ ਜ਼ਿਲ੍ਹਾ ਪ੍ਰਧਾਨ ਦੀ ਵੱਕਾਰੀ ਸੀਟ ਜਿਨ੍ਹਾਂ ਚੋਂ ਕਾਫੀ ਕਸਮਸ ਅਤੇ ਖਿੱਚੋਤਾਣ ਸੀ। ਇਸ ਵੱਕਾਰੀ ਸੀਟ ਤੇ ਪੂਰੇ ਫਰੀਦਕੋਟ ਦੀ ਅੱਖ ਸੀ ਅੱਜ ਬੇਸਬਰੀ ਨਾਲ ਇੰਤਜ਼ਾਰ ਕਰ ਰਹੇ ਵਰਕਰਾਂ ਦੀ ਉਡੀਕ ਨੂੰ ਖਤਮ ਕਰਦਿਆਂ ਫਰੀਦਕੋਟ ਜ਼ਿਲ੍ਹੇ ਦੀ ਪ੍ਰਧਾਨਗੀ ਦਾ ਤਾਜ ਇੱਕ ਵਾਰ ਫਿਰ ਸਵ. ਅਵਤਾਰ ਸਿੰਘ ਬਰਾੜ ਦੇ ਫਰਜ਼ੰਦ ਨਵਦੀਪ ਸਿੰਘ ਬੱਬੂ ਬਰਾੜ ਦੇ ਸਿਰ ਸਜਾ ਦਿੱਤਾ ਹੈ। ਜਿਉਂ ਹੀ ਇਹ ਖ਼ਬਰ ਫਰੀਦਕੋਟ ਪਹੁੰਚੀ ਤਾਂ ਜ਼ਿਲ੍ਹਾ ਕਾਂਗਰਸ ਦੇ ਰਹੇ ਸਵ. ਅਵਤਾਰ ਸਿੰਘ ਬਰਾੜ ਦੇ ਪੁਰਾਣੇ ਸਾਥੀਆਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ। ਅੱਜ ਉਹਨਾਂ ਦੇ ਘਰ ਵਧਾਈਆਂ ਦੇਣ ਵਾਲਿਆਂ ਦਾ ਤਾਂਤਾ ਲੱਗਿਆ ਹੋਇਆ ਹੈ।ਇਸ ਸਮੇਂ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਾਂਗਰਸ ਦੇ ਨਵਨਿਯੁਕਤ ਪ੍ਰਧਾਨ ਨਵਦੀਪ ਸਿੰਘ ਬੱਬੂ ਬਰਾੜ ਨੇ ਕਿਹਾ ਕਿ ਮੈਂ ਦਿਲ ਦੀਆਂ ਗਹਿਰਾਈਆਂ ਤੋਂ ਕਾਂਗਰਸ ਪਾਰਟੀ

ਕੁੱਲ ਹਿੰਦ ਕਾਂਗਰਸ ਦੇ ਪ੍ਰਧਾਨ ਸ੍ਰੀ ਮਲਿਕਰਜੁਨ ਖੜਗੇ ਸਾਹਿਬ, ਸ੍ਰੀ ਰਾਹੁਲ ਗਾਂਧੀ ਜੀ, ਸ੍ਰੀ ਕੇ.ਸੀ ਵੇਣੁਗੋਪਾਲ ਜੀ, ਪੰਜਾਬ ਮਾਮਲਿਆਂ ਦੇ ਇੰਚਾਰਜ ਸ੍ਰੀ ਭੁਪੇਸ਼ ਬਘੇਲ ਜੀ, ਸ੍ਰੀ ਰਵਿੰਦਰ ਡਾਲਵੀ ਜੀ ਅਤੇ ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਸ. ਅਮਰਿੰਦਰ ਸਿੰਘ ਰਾਜਾ ਵੜਿੰਗ ਜੀ, ਵਿਰੋਧੀ ਧਿਰ ਦੇ ਨੇਤਾ ਸ. ਪ੍ਰਤਾਪ ਸਿੰਘ ਬਾਜਵਾ ਜੀ, ਸਾਬਕਾ ਮੁੱਖ ਮੰਤਰੀ ਸ .ਚਰਨਜੀਤ ਸਿੰਘ ਚੰਨੀ ਜੀ, ਸਾਬਕਾ ਡਿਪਟੀ ਮੁੱਖ ਮੰਤਰੀ ਸ. ਸੁਖਜਿੰਦਰ ਸਿੰਘ ਰੰਧਾਵਾ ਜੀ ਦਾ ਵਿਸ਼ੇਸ਼ ਧੰਨਵਾਦ ਕਰਦਾ ਹਾਂ ਜਿਨਾਂ ਨੇ ਮੇਰੇ ਤੇ ਦੂਜੀ ਵਾਰ ਜ਼ਿਲ੍ਹਾ ਕਾਂਗਰਸ ਕਮੇਟੀ ਫ਼ਰੀਦਕੋਟ ਦਾ ਪ੍ਰਧਾਨ ਬਣਾ ਕੇ ਭਰੋਸਾ ਜਿਤਾਇਆ। ਮੈਂ ਵਾਅਦਾ ਕਰਦਾ ਹਾਂ ਕਾਂਗਰਸ ਲੀਡਰਸ਼ਿਪ ਵੱਲੋਂ ਇਸ ਦਿੱਤੇ ਗਏ ਭਰੋਸੇ ਤੇ ਖਰਾ ਉਤਰਾਂਗਾ ਅਤੇ ਜ਼ਿਲ੍ਹਾ ਫ਼ਰੀਦਕੋਟ ਵਿੱਚ ਕਾਂਗਰਸ ਪਾਰਟੀ ਦੇ ਹਰ ਵਰਕਰ ਨੂੰ ਇਕੱਠਾ ਕਰਕੇ, ਜਨਹਿਤ ਦੇ ਹਰੇਕ ਮੋਰਚੇ ‘ਤੇ ਪਾਰਟੀ ਦੀ ਆਵਾਜ਼ ਨੂੰ ਮਜ਼ਬੂਤ ਕਰਾਂਗਾ। ਆਪਣੇ ਸਮੂਹ ਸਾਥੀਆਂ, ਆਗੂਆਂ, ਵਰਕਰਾਂ ਅਤੇ ਕਾਂਗਰਸ ਪਰਿਵਾਰ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ ਜਿਨ੍ਹਾਂ ਨੇ ਮੈਨੂੰ ਹਮੇਸ਼ਾਂ ਪਿਆਰ, ਸਹਿਯੋਗ ਅਤੇ ਵਿਸ਼ਵਾਸ ਦਿੱਤਾ।ਹਮੇਸ਼ਾਂ ਕਾਂਗਰਸ ਪਾਰਟੀ ਦੀ ਮਜ਼ਬੂਤੀ, ਲੋਕਾਂ ਦੀ ਭਲਾਈ ਅਤੇ ਸਮਾਜਿਕ ਨਿਆਂ ਲਈ ਅਵਾਜ਼ ਉਠਾਈ ਹੈ ਅਤੇ ਅੱਗੇ ਵੀ ਅਵਾਜ਼ ਉਠਾਉਂਦਾ ਰਹਾਂਗਾ। ਕਾਂਗਰਸ ਪਾਰਟੀ ਦੀ ਵਿਚਾਰਧਾਰਾ ਨੂੰ ਘਰ ਘਰ ਪਹੁੰਚਾਵਾਂਗਾ ਅਤੇ ਕਾਂਗਰਸ ਪਾਰਟੀ ਦੀ ਮਜਬੂਤੀ ਲਈ ਦਿਨ-ਰਾਤ ਮਿਹਨਤ ਕਰਾਂਗਾ।

19 ਸਾਲਾ ਵਹੀਦਾ ਤਬੱਸੁਮ ਲਈ ਖ਼ੁਦਾ ਬਣਕੇ ਬਹੁੜੇ ਡੀ ਐੱਮ ਸੀ ਲੁਧਿਆਣਾ ਦੇ ਡਾ. ਅਨੁਭਵ ਸ਼ਰਮਾ

ਹੱਡੀ ਦੇ ਕੈਂਸਰ ਤੋਂ ਪੀੜਤ ਕਸ਼ਮੀਰੀ ਬੱਚੀ ਨੂੰ ਦਿੱਤੀ ਨਵੀਂ ਜ਼ਿੰਦਗੀ

ਵਰਲਡ ਪੰਜਾਬੀ ਟਾਈਮਜ਼

ਡੀ ਐੱਮ ਸੀ ਲੁਧਿਆਣਾ ਵਿੱਚ ਹੱਡੀ ਕੈਂਸਰ ਦੀ ਮਰੀਜ਼ ਵਹੀਦਾ ਤਬੱਸੁਮ ਤੇ ਉਸ ਦੀ ਅੰਮੀ ਸਰਸਰੀ ਉਪਰੰਤ ਡਾ. ਅਨੁਭਵ ਸ਼ਰਮਾ ਨਾਲ

ਲੁਧਿਆਣਾ, 13 ਨਵੰਬਰ : ਜੰਮੂ ਕਸ਼ਮੀਰ ਦੇ ਪੁੰਛ ਜ਼ਿਲ੍ਹੇ ਦੀ ਰਹਿਣ ਵਾਲੀ 19 ਸਾਲਾ ਵਹੀਦਾ ਤਬੱਸਮ ਪਿਛਲੇ 3-4 ਸਾਲਾਂ ਤੋਂ ਨਰਕ ਭਰੀ ਜ਼ਿੰਦਗੀ ਜਿਉਣ ਲਈ ਮਜਬੂਰ ਸੀ ਕਿਉਂਕਿ ਉਹ ਆਪਣੇ ਪੱਟ ਵਿੱਚ ਅਨੋਖੇ ਕੈਂਸਰ ਤੋਂ ਪੀੜਤ ਸੀ ਜਿਸ ਕਾਰਨ ਉਸਨੂੰ ਬੜਾ ਭਿਆਨਕ ਦਰਦ ਸਹਿਣਾ ਪੈ ਰਿਹਾ ਸੀ।

ਵਹੀਦਾ ਤਬੱਸਮ ਦੇ ਪਿਤਾ ਸਵਰਗੀ ਰਾਸ਼ਿਦ ਖਾਨ ਘਰ ਵਿੱਚ ਇਕੱਲੇ ਕਮਾਉਣ ਵਾਲੇ ਸਨ ਜੋ ਦੋ ਸਾਲ ਪਹਿਲਾਂ ਉਹ ਵੀ ਇਸ ਦੁੱਖ ਦੀ ਘੜੀ ਵਿੱਚ ਪਰਿਵਾਰ ਨੂੰ ਬੇਸਹਾਰਾ ਛੱਡ ਕੇ ਸੰਸਾਰ ਨੂੰ ਅਲਵਿਦਾ ਕਹਿ ਗਏ।

ਦਯਾਨੰਦ ਮੈਡੀਕਲ ਕਾਲਜ ਐਂਡ ਹਸਪਤਾਲ (ਡੀ.ਐਮ.ਸੀ.ਐਚ.) ਦੇ ਹੱਡੀਆਂ ਨਾਲ ਸਬੰਧਿਤ ਵਿਭਾਗ ਦੇ ਅਸਿਸਟੈਂਟ ਪ੍ਰੋਫ਼ੈਸਰ ਡਾ. ਅਨੁਭਵ ਸ਼ਰਮਾ ਵਹੀਦਾ ਤਬੱਸੁਮ ਨੂੰ ਰੱਬ ਬਣਕੇ ਬਹੁੜੇ।

ਡਾ. ਅਨੁਭਵ ਸ਼ਰਮਾ ਨੇ ਇਨਸਾਨੀਅਤ ਦੀ ਮਿਸਾਲ ਕਾਇਮ ਕਰਦਿਆਂ ਨਾ ਸਿਰਫ ਉਸਦੀ ਸਰਜਰੀ ਹੀ ਕੀਤੀ ਸਗੋਂ ਆਪਣੇ ਪਰਿਵਾਰਕ ਮਿੱਤਰਾਂ ਤੇ ਸਾਥੀ ਡਾਕਟਰ ਸਾਹਿਬਾਨ ਦੇ ਸਹਿਯੋਗ ਨਾਲ ਇਲਾਜ਼ ਦਾ ਪੂਰਾ ਖ਼ਰਚਾ ਵੀ ਚੁੱਕਿਆ।

ਵਹੀਦਾ ਤਬੱਸੁਮ ਦੇ ਟਿਊਮਰ ਦਾ ਇਲਾਜ ਕਰਨ ਲਈ ਵਿਸ਼ੇਸ਼ ਸੀਟੀ-ਗਾਈਡਡ ਆਰ ਐਫ ਏ ਪ੍ਰਕਿਰਿਆ ਅਪਣਾਈ ਗਈ ਜਿਸ ਨਾਲ ਹੁਣ ਉਸਨੂੰ ਦਰਦ ਤੋਂ ਰਾਹਤ ਮਿਲੀ ਹੈ। ਡਾ. ਅਨੁਭਵ ਸ਼ਰਮਾ ਦੀ ਦੇਖਭਾਲ ਹੇਠ ਜਲਦ ਤੰਦਰੁਸਤ ਹੋਣ ਦਾ ਪੂਰਾ ਵਿਸ਼ਵਾਸ ਹੈ।

ਵਹੀਦਾ ਤਬੱਸਮ ਦੀ ਮਾਤਾ ਜੀ ਨੇ ਉਸ ਦੀ ਬੇਟੀ ਨੂੰ ਨਵੀਂ ਜ਼ਿੰਦਗੀ ਦੇਣ ਲਈ ਇਨਸਾਨ ਪ੍ਰਸਤ ਦਰਦਮੰਦ ਡਾ. ਅਨੁਭਵ ਸ਼ਰਮਾ ਸਮੇਤ ਉਨ੍ਹਾਂ ਦੇ ਸਰਜਰੀ ਸਹਿਯੋਗੀਆਂ ਤੇ ਆਰਥਿਕ ਮਦਦ ਕਰਨ ਵਾਲੇ ਡਾਕਟਰ ਭਾਈਚਾਰੇ ਤੇ ਦਾਨਵੀਰਾਂ ਦਾ ਦਿਲੋਂ ਧੰਨਵਾਦ ਕੀਤਾ ਹੈ।

ਜਸਵੀਰ ਸਿੰਘ ਭਲੂਰੀਆ ਦੀ ਲਿਖੀ ਬਾਲ ਸਾਹਿਤ ਦੀ ਪੁਸਤਕ ‘ਨਵੀਆਂ’ ਬਾਤਾਂ ਕੀਤੀ ਲੋਕ ਅਰਪਣ

ਪੰਜਾਬੀ ਸਾਹਿਤ ਸਭਾ ਮੁਕਤਸਰ ਦੇ ਜਨਰਲ ਸਕੱਤਰ ਦਾ ਕਨੇਡਾ ਵਿਖੇ ਵਿਸ਼ੇਸ਼ ਸਨਮਾਨ

ਵਰਲਡ ਪੰਜਾਬੀ ਟਾਈਮਜ਼ ਧਰਮ ਪ੍ਰਵਾਨਾਂ

ਫਰੀਦਕੋਟ 13 ਨਵੰਬਰ : ਕੇਂਦਰੀ ਪੰਜਾਬੀ ਲੇਖਕ ਸਭਾ (ਉੱਤਰੀ ਅਮਰੀਕਾ) ਦੀ ਮਾਸਿਕ ਇਕੱਤਰਤਾ ਸੀਨੀਅਰ ਸਿਟੀਜਨ ਸੈਂਟਰ ਸਰੀ (ਕਨੈਡਾ) ਵਿਖੇ ਸਭਾ ਦੇ ਪ੍ਰਧਾਨ ਪ੍ਰਿਤਪਾਲ ਸਿੰਘ ਗਿੱਲ ਦੀ ਪ੍ਰਧਾਨਗੀ ਹੇਠ ਹੋਈ। ਪ੍ਰਧਾਨਗੀ ਮੰਡਲ ਵਿੱਚ ਪ੍ਰਿਤਪਾਲ ਸਿੰਘ ਗਿੱਲ, ਜਸਵੀਰ ਸਿੰਘ ਭਲੂਰੀਆ, ਪੱਤਰਕਾਰ ਕੁਲਵੰਤ ਸਰੋਤਾ ਅਤੇ ਜਨਰਲ ਸੱਕਤਰ ਪਲਵਿੰਦਰ ਸਿੰਘ ਰੰਧਾਵਾ ਵੀ ਸ਼ਾਮਿਲ ਸਨ ।ਗੁਰੂ ਨਾਨਕ ਦੇਵ ਜੀ ਦੇ ਆਗਮਨ ਪੁਰਬ ਨੂੰ ਸਮਰਪਿਤ ਇਸ ਮੀਟਿੰਗ ਚ ਹਾਜ਼ਰੀਨ ਸ਼ਾਇਰਾਂ ਵੱਲੋਂ ਗੁਰੂ ਸਾਹਿਬ ਜੀ ਦੇ ਫਲਸਫੇ ਅਤੇ ਜੀਵਨ ਸਬੰਧੀ ਰਚਨਾਵਾਂ ਦੀ ਪੇਸ਼ਕਾਰੀ ਕੀਤੀ ਅਤੇ ਵਿਦਵਾਨਾਂ ਵੱਲੋਂ ਗੁਰੂ ਸਾਹਿਬ ਦੇ ਜੀਵਨ ਫਲਸਫ਼ੇ ਸਬੰਧੀ ਚਰਚਾ ਕੀਤੀ ਗਈ। ਇਸ ਮੌਕੇ ਤੇ ਪ੍ਰੋਫ਼ੈਸਰ ਕਸ਼ਮੀਰਾ ਸਿੰਘ ਨੇ ਗੁਰੂ ਨਾਨਕ ਦੇਵ ਜੀ ਦੇ ਫ਼ਲਸਫ਼ੇ ਨੂੰ ਵਿਗਿਆਨਕ ਸੋਚ ਨਾਲ ਸਮਝਣ ਤੇ ਜ਼ੋਰ ਦਿੱਤਾ।

ਡਾਕਟਰ ਪਿਰਥੀਪਾਲ ਸਿੰਘ ਸੋਹੀ,ਬਲਦੇਵ ਸਿੰਘ ਬਾਠ ਅਤੇ ਚਰਨ ਸਿੰਘ ਆਦਿ ਵੱਲੋਂ ਗੁਰੂ ਨਾਨਕ ਦੇਵ ਜੀ ਦੇ ਜੀਵਨ ਫਲਸਫ਼ੇ ਉੱਪਰ ਚਰਚਾ ਕੀਤੀ। ਰਚਨਾਵਾਂ ਦੇ ਦੌਰ ‘ਚ ਚਮਕੌਰ ਸਿੰਘ ਸੰਘਾ, ਬਿੱਕਰ ਸਿੰਘ ਖੋਸਾ, ਪਵਨ ਭੰਮਿਆਂ, ਹਰਚਰਨ ਸਿੰਘ ਸੰਧੂ, ਦਰਸ਼ਨ ਸਿੰਘ ਸੰਘਾ, ਹਰਚੰਦ ਸਿੰਘ ਗਿੱਲ, ਦਵਿੰਦਰ ਕੌਰ ਜੌਹਲ, ਸੁਖਪ੍ਰੀਤ ਬੱਡੋਂ, ਕਵਿੰਦਰ ਚਾਂਦ ,ਨਰਿੰਦਰ ਸਿੰਘ ਬਾਹੀਆ, ਸੁਰਜੀਤ ਸਿੰਘ ਮਾਧੋਪੁਰੀ,ਇੰਦਰਜੀਤ ਸਿੰਘ ਧਾਮੀ,ਅਮਰੀਕ ਸਿੰਘ ਲਹਿਲ,ਹਰਿੰਦਰ ਕੌਰ ਸੋਹੀ, ਸੁਰਿੰਦਰ ਸਿੰਘ ਜੱਬਲ, ਦਰਸ਼ਨ ਸਿੰਘ ਦੋਸਾਂਝ,ਗੁਰਦਰਸ਼ਨ ਸਿੰਘ ਮਠਾੜੂ, ਗੁਰਮੀਤ ਸਿੰਘ ਕਾਲਕਟ,ਅਮਰੀਕ ਪਲਾਹੀ,ਮਲਕੀਤ ਸਿੰਘ ਪੰਗੂੜਾ, ਸੁਰਜੀਤ ਸਿੰਘ ਗਿੱਲ, ਬਲਵੀਰ ਸਿੰਘ ਸੰਘਾ, ਦੇਵਿੰਦਰ ਸਿੰਘ ਮਾਂਗਟ, ਸਚਦੇਵ ਸਿੰਘ, ਬਲਜੀਤ ਸਿੰਘ ਮੋਰਿੰਡਾ, ਅਜੀਤ ਸਿੰਘ ਬਾਜਵਾ,ਗੁਰਮੀਤ ਸਿੰਘ ਧਾਲੀਵਾਲ,ਹਰਮਿੰਦਰ ਜੌਹਲ, ਚਿੱਤਰਕਾਰ ਕੀਕੂ ਪਰਮਿੰਦਰ, ਸੁਖਪ੍ਰੀਤ ਸਿੰਘ ਸਰੀਂਹ ਵਾਲਾ, ਪਰਮਿੰਦਰ ਸਵੈਚ, ਨਰਿੰਦਰ ਸਿੰਘ ਪੰਨੂ, ਛਿੰਦਰ ਪੁਰੇਵਾਲ, ਬੀ ਅਟਵਾਲ, ਨਿਰਮਲ ਗਿੱਲ, ਅਤੇ ਅਜ਼ਮੇਰ ਸਿੰਘ ਆਦਿ ਨੇ ਗੁਰੂ ਨਾਨਕ ਜੀ ਦੇ ਜੀਵਨ ਨਾਲ ਸਬੰਧਿਤ ਰਚਨਾਵਾਂ ਪੇਸ਼ ਕੀਤੀਆਂ।

ਪ੍ਰੋਗਰਾਮ ਦੇ ਦੂਜੇ ਦੌਰ ਵਿੱਚ ਪ੍ਰੋ: ਕਸ਼ਮੀਰਾ ਸਿੰਘ